GENERAL SHIVDEV SINGH DIWAN GURBACHAN SINGH

# KHALSA COLLEGE PATIALA

## AN AUTONOMOS COLLEGE

SAHIT SABHA

PUNJABI DEPATMENT

Students Attendance in Co-curricular Activities

Session – 2018-19

Name of Activity - Poem recitation competition
Coordinator -Prof.Paramjit Kaur
Convener - Dr.Jaswinder Singh
Date - 06. Sep. 2018
No. of the Students Participated – 62






ਜਰਨਲ ਸ਼ਿਵਦੇਵ ਸਿੰਘ ਦੀਵਾਨ ਗੁਰਬਚਨ ਸਿੰਘ
ਖ਼ਾਲਸਾ ਕਾਲਜ ਪਟਿਆਲਾ
ਕਾਵਿ ਉਚਾਰਨ ਮੁਕਾਬਲਾ
ਮਿਤੀ : 06 ਸਤੰਬਰ 2018
ਵਲੋਂ: ਪੰਜਾਬੀ ਸਾਹਿਤ ਸਭਾ
ੴ
ਖਰੀ ਲਿਖਣੁ ਬੋਲਣੁ ਬਾਣਿ
ਜ.ਸ.ਸ.ਦ.ਗ.ਸ.


ਜਰਨਲ ਸ਼ਿਵਦੇਵ ਸਿੰਘ ਦੀਵਾਨ ਗੁਰਬਚਨ ਸਿੰਘ
ਖ਼ਾਲਸਾ ਕਾਲਜ ਪਟਿਆਲਾ
ਕਾਵਿ ਉਚਾਰਨ ਮੁਕਾਬਲਾ
ਮਿਤੀ : 06 ਸਤੰਬਰ 2018
ਵਲੋਂ: ਪੰਜਾਬੀ ਸਾਹਿਤ ਸਭਾ
ੴ
ਅਖਰੀ ਲਿਖਣੁ ਬੋਲਣੁ ਬਾਣਿ
ਜ.ਸ.ਸ.ਦ.ਗ.ਸ.

# ਖ਼ਾਲਸਾ ਕਾਲਜ ਵਿੱਚ ਸਾਹਿਤ ਸਭਾ ਵੱਲੋਂ ਕਾਵਿ ਉਚਾਰਨ ਮੁਕਾਬਲੇ

ਨਿੱਜੀ ਪੱਤਰ ਪ੍ਰੇਰਕ
ਪਟਿਆਲਾ, 7 ਸਤੰਬਰ

ਖ਼ਾਲਸਾ ਕਾਲਜ ਪਟਿਆਲਾ ਦੇ ਪੋਸਟ ਗੈ੍ਰਜੁਏਟ ਪੰਜਾਬੀ ਵਿਭਾਗ ਅਤੇ ਪੰਜਾਬੀ ਸਾਹਿਤ ਸਭਾ ਵੱਲੋਂ ਕਾਵਿ ਉਚਾਰਨ ਮੁਕਾਬਲੇ ਕਰਵਾਏ ਗਏ। ਇਸ ਮੁਕਾਬਲੇ ਦੌਰਾਨ ਕਾਲਜ ਦੇ ਵੱਖ ਵੱਖ ਵਿਭਾਗਾਂ ਦੇ ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਭਾਗ ਲਿਆ। ਕਾਲਜ ਪ੍ਰਿੰਸੀਪਲ ਡਾ. ਧਰਮਿੰਦਰ ਸਿੰਘ ਉੱਭਾ ਨੇ ਵਿਭਾਗ ਦੇ ਇਸ ਉੱਦਮ ਦੀ ਸ਼ਲਾਘਾ ਕਰਦਿਆਂ ਆਪਣੇ ਕਾਵਿ ਅਨੁਭਵ ਨੂੰ ਵਿਦਿਆਰਥੀਆਂ ਨਾਲ ਸਾਂਝਾ ਕੀਤਾ। ਉਨ੍ਹਾਂ ਕਿਹਾ ਕਿ ਹਰ ਵਿਦਿਆਰਥੀ ਅੰਦਰ ਕੋਈ ਨਾ ਕੋਈ ਪ੍ਰਤਿਭਾ ਜ਼ਰੂਰ ਛੁਪੀ ਹੁੰਦੀ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਸਾਹਿਤ ਦੀ ਚੇਟਕ ਲਾਉਣ ਲਈ ਅਤੇ ਉਨ੍ਹਾਂ ਅੰਦਰ ਛੁਪੀ ਪ੍ਰਤਿਭਾ ਨੂੰ ਉਭਾਰਨ ਲਈ ਅਜਿਹੇ ਸਾਹਿਤਕ ਮੁਕਾਬਲੇ ਕਰਵਾਉਣਾ ਅਤਿ ਲਾਜ਼ਮੀ ਹੈ। ਵਿਭਾਗ ਦੇ ਮੁਖੀ ਪ੍ਰੋ. ਪਰਮਜੀਤ ਕੌਰ ਨੇ ਕਿਹਾ ਕਿ ਪੰਜਾਬੀ ਸਾਹਿਤ ਸਭਾ ਪੰਜਾਬੀ ਭਾਸ਼ਾ ਅਤੇ ਸਾਹਿਤ ਦੀ ਤਰੱਕੀ ਦੇ ਮੱਦੇਨਜ਼ਰ ਵਿਦਿਆਰਥੀਆਂ ਨੂੰ ਪੰਜਾਬੀ ਸਾਹਿਤ ਨਾਲ ਜੋੜਨ ਲਈ ਲਗਾਤਾਰ ਉਪਰਾਲਾ ਕਰਦੀ ਆ ਰਹੀ ਹੈ। ਉਨ੍ਹਾਂ ਉਮੀਦ ਪ੍ਰਗਟਾਈ ਕਿ ਵਿਦਿਆਰਥੀ ਅਜਿਹੇ ਪ੍ਰੋਗਰਾਮਾਂ ਦੇ ਜਰੀਏ ਕਵਿਤਾ ਦੇ ਪਾਠਗਤ ਅਧਿਐਨ ਤੱਕ ਹੀ ਸੀਮਤ ਨਹੀਂ ਰਹਿਣਗੇ ਸਗੋਂ ਇਸ ਨੂੰ ਮੰਚ ਉੱਪਰ ਵਿਹਾਰਕ ਰੂਪ ਵਿੱਚ ਵੀ ਅਪਣਾਉਣਗੇ।



ਕਾਵਿ ਉਚਾਰਨ ਮੁਕਾਬਲੇ ਦੌਰਾਨ ਕਾਲਜ ਪ੍ਰਿੰਸੀਪਲ ਡਾ. ਧਰਮਿੰਦਰ ਸਿੰਘ ਉੱਭਾ ਨਾਲ ਯਾਦਗਾਰੀ ਤਸਵੀਰ ਖਿਚਵਾਉਂਦੇ ਹੋਏ ਅਧਿਆਪਕ ਅਤੇ ਵਿਦਿਆਰਥੀ। -ਫੋਟੋ: ਭਿੰਡਰ

ਇਸ ਕਾਵਿ ਉਚਾਰਨ ਮੁਕਾਬਲੇ ਦੌਰਾਨ ਜੱਜ ਦੀ ਭੂਮਿਕਾ ਪ੍ਰੋ. ਪਰਮਜੀਤ ਕੌਰ, ਡਾ. ਦਵਿੰਦਰ ਸਿੰਘ ਅਤੇ ਡਾ. ਭਗਵੰਤ ਸਿੰਘ ਨੇ ਨਿਭਾਈ। ਇਸ ਮੁਕਾਬਲੇ ਦੌਰਾਨ ਬੀ.ਐਸਸੀ. ਮੈਡੀਕਲ ਭਾਗ ਤੀਜਾ ਦੀ ਵਿਦਿਆਰਥਣ ਉਪਨਿੰਦਰ ਕੌਰ ਨੇ ਪਹਿਲਾ ਸਥਾਨ, ਬੀ ਕਾਮ. ਭਾਗ ਦੂਜਾ ਦੀ ਵਿਦਿਆਰਥਣ ਗੀਤਾਂਸ਼ ਸੂਦ ਨੇ ਦੂਜਾ ਸਥਾਨ ਅਤੇ ਬੀ.ਐਸਸੀ. ਭਾਗ ਦੂਜਾ ਦੀ ਵਿਦਿਆਰਥਣ ਹਰਮਨਪ੍ਰੀਤ ਨੇ ਤੀਜਾ ਸਥਾਨ ਹਾਸਿਲ ਕੀਤਾ।

ਇਸ ਮੁਕਾਬਲੇ ਦੌਰਾਨ ਵਿਸ਼ੇਸ਼ ਪੁਰਸਕਾਰ ਐਮ.ਫਿਲ. ਪੰਜਾਬੀ ਦੇ ਵਿਦਿਆਰਥੀ ਰਣਧੀਰ ਸਿੰਘ ਨੇ ਪ੍ਰਾਪਤ ਕੀਤਾ। ਮੰਚ ਸੰਚਾਲਨ ਡਾ. ਸਰਬਜੀਤ ਸਿੰਘ ਨੇ ਕੀਤਾ।

# कविता उच्चारण मुकाबले कराए



**पटियाला |** खालसा कॉलेज में पोस्ट ग्रेजुएट पंजाबी विभाग और पंजाबी साहित्य सभा ने काव्य उच्चारण मुकाबलें का आयोजन किया। इसमें कालेज के अलग-अलग विभागों के स्टूडेंट्स ने भाग लिया। प्रिंसिपल डा. धर्मेंद्र सिंह ऊभा ने अपने काव्य अनुभव को स्टूडेंट्स के साथ सांझा किया। उन्होंने कहा कि प्रत्येक स्टूडेंट्स में कोई न कोई प्रतिभा जरूर होती है। विभाग के प्रमुख प्रो. परमजीत कौर ने धन्यवाद किया।